ਗਉੜੀ ਗੁਆਰੇਰੀ ਮਹਲਾ ੪ ॥ ਹਰਿ ਆਪੇ ਜੋਗੀ ਡੰਡਾਧਾਰੀ ॥ ਹਰਿ ਆਪੇ ਰਵਿ ਰਹਿਆ ਬਨਵਾਰੀ ॥ ਹਰਿ ਆਪੇ ਤਪੁ ਤਾਪੈ ਲਾਇ ਤਾਰੀ ॥ ੧॥ ਐਸਾ ਮੇਰਾ ਰਾਮੁ ਰਹਿਆ ਭਰਪੂਰਿ ॥ ਨਿਕਟਿ ਵਸੈ ਨਾਹੀ ਹਰਿ ਦੂਰਿ ॥੧॥ ਰਹਾਉ ॥ ਹਰਿ ਆਪੇ ਸਬਦੁ ਸੁਰਤਿ ਧੁਨਿ ਆਪੇ ॥ ਹਰਿ ਆਪੇ ਵੇਖੈ ਵਿਗਸੈ ਆਪੇ ॥ ਹਰਿ ਆਪਿ ਜਪਾਇ ਆਪੇ ਹਰਿ ਜਾਪੇ ॥ ੨॥ ਹਰਿ ਆਪੇ ਸਾਰਿੰਗ ਅੰਮ੍ਰਿਤਧਾਰਾ ॥ ਹਰਿ ਅੰਮ੍ਰਿਤੁ ਆਪਿ ਪੀਆਵਣਹਾਰਾ ॥ ਹਰਿ ਆਪਿ ਕਰੇ ਆਪੇ ਨਿਸਤਾਰਾ ॥੩॥ ਹਰਿ ਆਪੇ ਬੇੜੀ ਤੁਲਹਾ ਤਾਰਾ ॥ ਹਰਿ ਆਪੇ ਗੁਰਮਤੀ ਨਿਸਤਾਰਾ ॥ ਹਰਿ ਆਪੇ ਨਾਨਕ ਪਾਵੈ ਪਾਰਾ ॥੪॥੬॥੪੪॥ {ਪੰਨਾ 165}

ਪਦਅਰਥ:- ਆਪੇ—ਆਪ ਹੀ। ਡੰਡਾਧਾਰੀ—ਡੰਡਾ ਹੱਥ ਵਿਚ ਰੱਖਣ ਵਾਲਾ। ਬਨਵਾਰੀ—{vnmwlI—ਜੰਗਲ ਦੇ ਫੁਲਾਂ ਦੀ ਮਾਲਾ ਪਹਿਨਣ ਵਾਲਾ, ਕ੍ਰਿਸ਼ਨ} ਪਰਮਾਤਮਾ। ਤਾਰੀ—ਤਾੜੀ, ਸਮਾਧੀ।1।

ਭਰਪੂਰਿ—ਵਿਆਪਕ, ਹਰ ਥਾਂ ਮੌਜੂਦ। ਨਿਕਟਿ—ਨੇੜੇ।1। ਰਹਾਉ।

ਧੁਨਿ—ਲਗਨ। ਵਿਗਸੈ—ਖਿੜਦਾ ਹੈ, ਖ਼ੁਸ਼ ਹੁੰਦਾ ਹੈ। ਜਾਪੇ—ਜਪਦਾ ਹੈ।2।

ਸਾਰਿੰਗ—ਪਪੀਹਾ। ਕਰੇ—(ਜੀਵਾਂ ਨੂੰ ਪੈਦਾ) ਕਰਦਾ ਹੈ। ਨਿਸਤਾਰਾ—ਪਾਰ-ਉਤਾਰਾ।3।

ਤੁਲਹਾ—ਦਰੀਆ ਵਿਚੋਂ ਪਾਰ ਲੰਘਣ ਲਈ ਲੱਕੜਾਂ ਦਾ ਬੱਧਾ ਹੋਇਆ ਗੱਠਾ। ਤਾਰਾ—ਤਾਰਨ ਵਾਲਾ, ਪਾਰ ਲੰਘਾਣ ਵਾਲਾ। ਪਾਵੈ ਪਾਰਾ—ਪਾਰ ਲੰਘਾਂਦਾ ਹੈ।4।

ਅਰਥ:- (ਹੇ ਭਾਈ!) ਮੇਰਾ ਰਾਮ ਇਹੋ ਜਿਹਾ ਹੈ ਕਿ ਉਹ ਹਰ ਥਾਂ ਮੌਜੂਦ ਹੈ। ਉਹ (ਹਰੇਕ ਜੀਵ ਦੇ) ਨੇੜੇ ਵੱਸਦਾ ਹੈ (ਕਿਸੇ ਭੀ ਥਾਂ ਤੋਂ) ਉਹ ਹਰੀ ਦੂਰ ਨਹੀਂ ਹੈ।1। ਰਹਾਉ।

ਹੱਥ ਵਿਚ ਡੰਡਾ ਰੱਖਣ ਵਾਲਾ ਜੋਗੀ ਭੀ ਪਰਮਾਤਮਾ ਆਪ ਹੀ ਹੈ ਕਿਉਂਕਿ ਉਹ ਹਰੀ-ਪਰਮਾਤਮਾ ਆਪ ਹੀ (ਹਰ ਥਾਂ) ਵਿਆਪਕ ਹੋ ਰਿਹਾ ਹੈ (ਤਪੀਆਂ ਵਿਚ ਵਿਆਪਕ ਹੋ ਕੇ) ਹਰੀ ਆਪ ਹੀ ਤਾੜੀ ਲਾ ਕੇ ਤਪ-ਸਾਧਨ ਕਰ ਰਿਹਾ ਹੈ।1।

ਪਰਮਾਤਮਾ ਆਪ ਹੀ ਸ਼ਬਦ ਹੈ ਆਪ ਹੀ ਸੁਰਤਿ ਹੈ ਆਪ ਹੀ ਲਗਨ ਹੈ। ਪਰਮਾਤਮਾ ਆਪ ਹੀ (ਸਭ ਜੀਵਾਂ ਵਿਚ ਬੈਠਾ ਇਹ ਜਗਤ-ਤਮਾਸ਼ਾ) ਵੇਖ ਰਿਹਾ ਹੈ (ਤੇ, ਆਪ ਹੀ ਇਹ ਤਮਾਸ਼ਾ ਵੇਖ ਕੇ) ਖ਼ੁਸ਼ ਹੋ ਰਿਹਾ ਹੈ। ਪਰਮਾਤਮਾ ਆਪ ਹੀ (ਸਭ ਵਿਚ ਬੈਠ ਕੇ ਆਪਣਾ ਨਾਮ) ਜਪ ਰਿਹਾ ਹੈ।2।

ਪਰਮਾਤਮਾ ਆਪ ਹੀ ਪਪੀਹਾ ਹੈ (ਤੇ ਆਪ ਹੀ ਉਸ ਪਪੀਹੇ ਵਾਸਤੇ) ਵਰਖਾ ਦੀ ਧਾਰ ਹੈ। ਪਰਮਾਤਮਾ ਆਪ ਹੀ ਆਤਮਕ ਜੀਵਨ ਦੇਣ ਵਾਲਾ ਨਾਮ-ਰਸ ਹੈ, ਤੇ ਆਪ ਹੀ ਉਹ (ਜੀਵਾਂ ਨੂੰ ਅੰਮ੍ਰਿਤ) ਪਿਲਾਣ ਵਾਲਾ ਹੈ। ਪ੍ਰਭੂ ਆਪ ਹੀ (ਜਗਤ ਦੇ ਜੀਵਾਂ ਨੂੰ) ਪੈਦਾ ਕਰਦਾ ਹੈ ਤੇ ਆਪ ਹੀ (ਜੀਵਾਂ ਨੂੰ ਸੰਸਾਰ-ਸਮੁੰਦਰ ਤੋਂ) ਪਾਰ ਲੰਘਾਂਦਾ ਹੈ।3।

ਪਰਮਾਤਮਾ ਆਪ (ਜੀਵਾਂ ਦੇ ਸੰਸਾਰ-ਸਮੁੰਦਰ ਤੋਂ ਪਾਰ ਲੰਘਣ ਲਈ) ਬੇੜੀ ਹੈ ਤੁਲਹਾ ਹੈ, ਤੇ ਆਪ ਹੀ ਪਾਰ ਲੰਘਾਣ ਵਾਲਾ ਹੈ। ਪ੍ਰਭੂ ਆਪ ਹੀ ਗੁਰੂ ਦੀ ਮਤਿ ਤੇ ਤੋਰ ਕੇ ਵਿਕਾਰਾਂ ਤੋਂ ਬਚਾਂਦਾ ਹੈ। ਹੇ ਨਾਨਕ! ਪਰਮਾਤਮਾ ਆਪ ਹੀ ਸੰਸਾਰ-ਸਮੁੰਦਰ ਤੋਂ ਪਾਰ ਲੰਘਾਂਦਾ ਹੈ।4।6। 44।

ਨੋਟ:

ਗਉੜੀ ਗੁਆਰੇਰੀ ਮ: 4 — 6 ਸ਼ਬਦ
ਗਉੜੀ ਮ: 1 ———— 20 ਸ਼ਬਦ
ਗਉੜੀ ਮ: 3 ———— 18 ਸ਼ਬਦ

. . . . . . . . . . . . . .———
. . . . . ਕੁੱਲ ਜੋੜ . . . . 44